ਰਾਗੁ ਗੂਜਰੀ ਭਗਤਾ ਕੀ ਬਾਣੀ ੴ ਸਤਿਗੁਰ ਪ੍ਰਸਾਦਿ ॥ ਸ੍ਰੀ ਕਬੀਰ ਜੀਉ ਕਾ ਚਉਪਦਾ ਘਰੁ ੨ ਦੂਜਾ ॥ ਚਾਰਿ ਪਾਵ ਦੁਇ ਸਿੰਗ ਗੁੰਗ ਮੁਖ ਤਬ ਕੈਸੇ ਗੁਨ ਗਈਹੈ ॥ ਊਠਤ ਬੈਠਤ ਠੇਗਾ ਪਰਿਹੈ ਤਬ ਕਤ ਮੂਡ ਲੁਕਈਹੈ ॥੧॥ ਹਰਿ ਬਿਨੁ ਬੈਲ ਬਿਰਾਨੇ ਹੁਈਹੈ ॥ ਫਾਟੇ ਨਾਕਨ ਟੂਟੇ ਕਾਧਨ ਕੋਦਉ ਕੋ ਭੁਸੁ ਖਈਹੈ ॥੧॥ ਰਹਾਉ ॥ ਸਾਰੋ ਦਿਨੁ ਡੋਲਤ ਬਨ ਮਹੀਆ ਅਜਹੁ ਨ ਪੇਟ ਅਘਈਹੈ ॥ ਜਨ ਭਗਤਨ ਕੋ ਕਹੋ ਨ ਮਾਨੋ ਕੀਓ ਅਪਨੋ ਪਈਹੈ ॥੨॥ ਦੁਖ ਸੁਖ ਕਰਤ ਮਹਾ ਭ੍ਰਮਿ ਬੂਡੋ ਅਨਿਕ ਜੋਨਿ ਭਰਮਈਹੈ ॥ ਰਤਨ ਜਨਮੁ ਖੋਇਓ ਪ੍ਰਭੁ ਬਿਸਰਿਓ ਇਹੁ ਅਉਸਰੁ ਕਤ ਪਈਹੈ ॥੩॥ ਭ੍ਰਮਤ ਫਿਰਤ ਤੇਲਕ ਕੇ ਕਪਿ ਜਿਉ ਗਤਿ ਬਿਨੁ ਰੈਨਿ ਬਿਹਈਹੈ ॥ ਕਹਤ ਕਬੀਰ ਰਾਮ ਨਾਮ ਬਿਨੁ ਮੂੰਡ ਧੁਨੇ ਪਛੁਤਈਹੈ ॥੪॥੧॥ {ਪੰਨਾ 524}

ਨੋਟ:- ਘਰੁ 2 ਦੂਜਾ—ਇੱਥੇ ਅੰਕ '2' ਨੂੰ ਪੜ੍ਹਨਾ ਹੈ 'ਦੂਜਾ'। ਇਸੇ ਤਰ੍ਹਾਂ ਹੋਰ ਭੀ ਜਿਥੇ ਜਿਥੇ ਕਿਤੇ ਲਫ਼ਜ਼ 'ਘਰੁ' ਦੇ ਨਾਲ ਕੋਈ ਹਿੰਦਸਾ 3, 4, 5 ਆਦਿਕ ਆਉਂਦਾ ਹੈ, ਉਸ ਨੂੰ ਤੀਜਾ, ਚੌਥਾ, ਪੰਜਵਾਂ ਪੜ੍ਹਨਾ ਹੈ। ਚਉਪਦਾ—{ਚਉ—ਚਾਰ। ਪਦ—ਬੰਦ} ਚਾਰ ਬੰਦਾਂ ਵਾਲਾ ਸ਼ਬਦ।

ਪਦਅਰਥ:- ਪਾਵ—ਪੈਰ {ਲਫ਼ਜ਼ 'ਪਾਉ' ਤੋਂ ਬਹੁ-ਵਚਨ}। ਦੁਇ—ਦੋ। ਗਈ ਹੈ—ਗਾਵੇਂਗਾ। ਗੁਨ—ਪ੍ਰਭੂ ਦੇ ਗੁਣ। ਠੇਗਾ—ਸੋਟਾ। ਪਰਿ ਹੈ—ਪਏਗਾ। ਕਤ—ਕਿਥੇ? ਮੂਡ—ਸਿਰ। ਲੁਕਈ ਹੈ—ਲੁਕਾਏਂਗਾ।1।

ਬਿਰਾਨੇ—ਬਿਗਾਨਾ, ਪਰ-ਅਧੀਨ। ਹੁਈ ਹੈ—ਹੋਵੇਂਗਾ। ਫਾਟੇ—ਪਾਟੇ ਹੋਏ, ਚੀਰੇ ਹੋਏ। ਕਾਧਨ—ਕੰਨ੍ਹ, ਮੋਢੇ। ਭੁਸੁ—ਭੋਹ। ਖਈ ਹੈ—ਖਾਏਂਗਾ।1। ਰਹਾਉ।

ਮਹੀਆ—ਵਿਚ। ਅਘਈ ਹੈ—ਰੱਜੇਂਗਾ। ਅਜਹੁ—ਫਿਰ ਭੀ। ਕਹੋ—ਆਖਿਆ, ਕਹਿਆ, ਸਿੱਖਿਆ। ਪਈ ਹੈ—ਪਏਂਗਾ।2।

ਦੁਖ ਸੁਖ ਕਰਤ—ਦੁਖ ਸੁਖ ਕਰਦਿਆਂ, ਭੈੜੇ ਹਾਲ ਵਿਚ ਦਿਨ ਗੁਜ਼ਾਰ ਕੇ। ਭ੍ਰਮਿ—ਭਰਮ ਵਿਚ। ਭਰਮਈ ਹੈ—ਭਟਕੇਂਗਾ। ਅਉਸਰੁ—ਮੌਕਾ, ਸਮਾਂ। ਕਤ ਪਈ ਹੈ—ਕਿਥੇ ਮਿਲੇਗਾ? ਫਿਰ ਨਹੀਂ ਮਿਲੇਗਾ।3।

ਤੇਲਕ—ਤੇਲੀ। ਕਪਿ—ਬਾਂਦਰ। ਤੇਲਕ ਕੇ ਕਪਿ ਜਿਉ—ਤੇਲਕ ਕੇ (ਬਲਦ ਅਤੇ) ਕਪਿ ਜਿਉਂ, ਤੇਲੀ ਦੇ ਬਲਦ ਵਾਂਗ ਅਤੇ ਬਾਂਦਰ ਵਾਂਗ। ਤੇਲੀ ਦਾ ਬਲਦ ਸਾਰੀ ਰਾਤ ਕੋਹਲੂ ਦੇ ਦੁਆਲੇ ਹੀ ਭੌਂਦਾ ਹੈ, ਤੇ ਉਸ ਦਾ ਪੈਂਡਾ ਮੁੱਕਦਾ ਨਹੀਂ। ਬਾਂਦਰ ਛੋਲਿਆਂ ਦੀ ਭਰੀ ਮੁੱਠ ਦੇ ਲਾਲਚ ਵਿਚ ਪਕੜਿਆ ਜਾ ਕੇ ਸਾਰੀ ਉਮਰ ਦਰ ਦਰ ਤੇ ਨੱਚਦਾ ਹੈ।

ਗਤਿ ਬਿਨੁ—ਖ਼ਲਾਸੀ ਤੋਂ ਬਿਨਾ। ਰੈਨਿ—ਰਾਤ, ਜ਼ਿੰਦਗੀ-ਰੂਪ ਰਾਤ। ਬਿਹਈ ਹੈ—ਵਿਹਾ ਜਾਇਗੀ, ਮੁੱਕ ਜਾਇਗੀ। ਮੂੰਡ ਧੁਨੇ—ਮੂੰਡ ਧੁਨਿ ਧੁਨਿ, ਸਿਰ ਮਾਰ ਮਾਰ ਕੇ। ਪਛੁਤਈ ਹੈ—ਪਛਤਾਏਂਗਾ।4।

ਅਰਥ:- (ਹੇ ਭਾਈ! ਕਿਸੇ ਪਸ਼ੂ-ਜੂਨ ਵਿਚ ਪੈ ਕੇ ਜਦੋਂ ਤੇਰੇ) ਚਾਰ ਪੈਰ ਤੇ ਦੋ ਸਿੰਙ ਹੋਣਗੇ, ਤੇ ਮੂੰਹੋਂ ਗੂੰਗਾ ਹੋਵੇਂਗਾ, ਤਦੋਂ ਤੂੰ ਕਿਸ ਤਰ੍ਹਾਂ ਪ੍ਰਭੂ ਦੇ ਗੁਣ ਗਾ ਸਕੇਂਗਾ? ਉਠਦਿਆਂ ਬੈਠਦਿਆਂ (ਤੇਰੇ ਸਿਰ ਉੱਤੇ) ਸੋਟਾ ਪਏਗਾ, ਤਦੋਂ ਤੂੰ ਕਿਥੇ ਸਿਰ ਲੁਕਾਏਂਗਾ?।1।

(ਹੇ ਭਾਈ! ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਬਲਦ (ਆਦਿਕ ਪਸ਼ੂ ਬਣ ਕੇ) ਪਰ-ਅਧੀਨ ਹੋ ਜਾਏਂਗਾ, (ਨੱਥ ਨਾਲ) ਨੱਕ ਵਿੰਨ੍ਹਿਆ ਜਾਏਗਾ, ਕੰਨ (ਜੂਲੇ ਨਾਲ) ਫਿੱਸੇ ਹੋਏ ਹੋਣਗੇ ਤੇ ਕੋਧਰੇ ਦਾ ਭੋਹ ਖਾਏਂਗਾ।1। ਰਹਾਉ।

ਜੰਗਲ (ਜੂਹ) ਵਿਚ ਸਾਰਾ ਦਿਨ ਭਟਕਦਿਆਂ ਭੀ ਪੇਟ ਨਹੀਂ ਰੱਜੇਗਾ। ਹੁਣ ਐਸ ਵੇਲੇ ਤੂੰ ਭਗਤ ਜਨਾਂ ਦਾ ਬਚਨ ਨਹੀਂ ਮੰਨਦਾ, (ਉਮਰ ਵਿਹਾ ਜਾਣ ਤੇ) ਆਪਣਾ ਕੀਤਾ ਪਾਏਂਗਾ।2।

ਹੁਣ ਭੈੜੇ ਹਾਲ ਵਿਚ ਦਿਨ ਗੁਜ਼ਾਰ ਕੇ ਕੁਰਾਹੇ ਗ਼ਰਕ ਹੋਇਆ ਹੋਇਆ ਹੈਂ, (ਆਖ਼ਰ) ਅਨੇਕਾਂ ਜੂਨਾਂ ਵਿਚ ਭਟਕੇਂਗਾ। ਤੂੰ ਪ੍ਰਭੂ ਨੂੰ ਵਿਸਾਰ ਦਿੱਤਾ ਹੈ, ਤੇ ਸ੍ਰੇਸ਼ਟ ਮਨੁੱਖਾ ਜਨਮ ਗੰਵਾ ਲਿਆ ਹੈ, ਇਹ ਸਮਾ ਫੇਰ ਕਿਤੇ ਨਹੀਂ ਮਿਲੇਗਾ।3।

ਤੇਰੀ ਜ਼ਿੰਦਗੀ-ਰੂਪ ਸਾਰੀ ਰਾਤ ਤੇਲੀ ਦੇ ਬਲਦ ਅਤੇ ਬਾਂਦਰ ਵਾਂਗ ਭਟਕਦਿਆਂ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰਨ ਤੋਂ ਬਿਨਾ ਹੀ ਲੰਘ ਜਾਇਗੀ। ਕਬੀਰ ਆਖਦਾ ਹੈ ਕਿ ਪ੍ਰਭੂ ਦਾ ਨਾਮ ਭੁਲਾ ਕੇ ਆਖ਼ਰ ਸਿਰ ਮਾਰ ਮਾਰ ਕੇ ਪਛਤਾਵੇਂਗਾ।4।1।

ਸ਼ਬਦ ਦਾ ਭਾਵ:- ਮਨੁੱਖਾ ਜਨਮ ਹੀ ਸਿਮਰਨ ਦਾ ਸਮਾ ਹੈ, ਖੁੰਝਿਆਂ ਜਨਮ-ਮਰਨ ਦੇ ਗੇੜ ਵਿਚ ਪੈਣਾ ਪੈਂਦਾ ਹੈ।